# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:03-04-2024**

ਭਾਰਤੀ ਚੋਣ ਕਮਿਸ਼ਨ ਦੀ ਟੀਮ ਨੇ ਉਪ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਅਤੇ ਅਜੇ ਭਾਦੂ ਦੀ ਅਗਵਾਈ ਵਿੱਚ, ਕਲ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ, ਪੁਲਿਸ ਅਧਿਕਾਰੀਆਂ, ਵੱਖ-ਵੱਖ ਵਿਭਾਗਾਂ ਦੇ ਨੋਡਲ ਅਫ਼ਸਰਾਂ ਅਤੇ ਆਮਦਨ ਟੈਕਸ, ਈ.ਡੀ, ਕਸਟਮਜ਼ ਸਮੇਤ ਇਨਫੋਰਸਮੈਂਟ ਏਜੰਸੀਆਂ ਦੇ ਸੀਨੀਅਰ ਅਧਿਕਾਰੀਆਂ ਨਾਲ, ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਚੋਣ ਪ੍ਰਬੰਧਾਂ ਤੇ ਕਾਨੂੰਨ ਵਿਵਸਥਾ ਦੇ ਤਾਲਮੇਲ ਦੀ ਸਮੀਖਿਆ ਲਈ ਅੰਤਰ-ਰਾਜੀ ਮੀਟਿੰਗ ਕੀਤੀ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਮੀਟਿੰਗ ਦੌਰਾਨ, ਕਮਿਸ਼ਨ ਦੀ ਟੀਮ ਨੇ ਸੂਬੇ ਦੀਆਂ ਚੋਣ ਟੀਮਾਂ ਅਤੇ ਸਬੰਧਤ ਏਜੰਸੀਆਂ ਨੂੰ ਸਰਹੱਦਾਂ 'ਤੇ ਚੌਕਸੀ ਵਧਾਉਣ ਦੇ ਨਿਰਦੇਸ਼ ਦਿੱਤੇ । ਇਸ ਦੌਰਾਨ ਅਧਿਕਾਰੀਆਂ ਨੇ ਚੋਣ ਪ੍ਰਕਿਰਿਆ

ਸੁਚਾਰੂ ਢੰਗ ਨਾਲ ਚਲਾਉਣ ਲਈ ਅੰਤਰਰਾਜੀ ਤਾਲਮੇਲ ਹੋਰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ । ਕਮਿਸ਼ਨ ਦੀ ਟੀਮ ਨੇ ਵਿਸ਼ੇਸ਼ ਤੌਰ 'ਤੇ ਗੁਆਂਢੀ ਸੂਬਿਆਂ ਦੀਆਂ ਅੰਤਰ-ਰਾਜੀ ਚੈਕ ਪੋਸਟਾਂ 'ਤੇ ਹੋਰ ਚੌਕਸੀ ਦੀ ਜਰੂਰਤ 'ਤੇ ਜ਼ੋਰ ਦਿੱਤਾ, ਤਾਂ ਜੋ ਗੈਰ-ਕਾਨੂੰਨੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥਾਂ ਜਾਂ ਮੁਫਤ ਦੀਆਂ ਚੀਜ਼ਾਂ ਦੀ ਰੋਕ ਨੂੰ ਯਕੀਨੀ ਬਣਾਇਆ ਜਾ ਸਕੇ । ਸਿਬਿਨ ਸੀ ਨੇ ਕਮਿਸ਼ਨ ਦੀ ਟੀਮ ਨੂੰ ਭਰੋਸਾ ਦਿਵਾਇਆ, ਕਿ ਸੂਬੇ ਵਿੱਚ ਆਜ਼ਾਦ  ਤੇ ਨਿਰਪੱਖ ਚੋਣਾਂ ਕਰਵਾਉਣ ਲਈ ਚੌਕਸੀ ਵਧਾ ਦਿੱਤੀ ਗਈ ਏ ਅਤੇ ਯੋਗ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਏ।

-----------------------------------------------------

ਇਸ ਦੌਰਾਨ ਪਹਿਲੀ ਜੂਨ ਸ਼ਨਿਵਾਰ ਨੂੰ ਪੈਣ ਵਾਲੀਆਂ ਲੋਕ ਸਭਾ ਦੀਆਂ ਵੋਟਾਂ ਨੂੰ ਮੁੱਖ ਰੱਖਦੇ ਹੋਏ, ਪੰਜਾਬ ਸਰਕਾਰ ਨੇ ਸੂਬੇ ਵਿਚ ਸਥਿਤ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ, ਵਿਦਿਅਕ ਅਦਾਰਿਆਂ ਲਈ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਏ । ਇਹ ਛੁੱਟੀ ਨੈਗੋ-ਸ਼ੀਏਬਲ ਇੰਸਟਰੂਮੈਂਟ ਐਕਟ-1881 ਅਧੀਨ ਵੀ ਐਲਾਨੀ ਗਈ ਏ । ਇਕ ਸਰਕਾਰੀ ਬੁਲਾਰੇ ਨੇ ਕੱਲ ਚੰਡੀਗੜ ਵਿੱਚ ਦਸਿਆ ਕਿ ਵੋਟ ਪਾਉਣ

ਲਈ ਲੋਕ ਨੁਮਾਇੰਦਗੀ ਐਕਟ, 1951 ਦੀ ਧਾਰਾ 135 ਬੀ (1) ਤਹਿਤ ਪਹਿਲੀ ਜੂਨ ਨੂੰ ਪੇਡ (ਅਦਾਇਗੀ ਯੋਗ) ਛੁੱਟੀ ਰਹੇਗੀ। ਇਹ ਛੁੱਟੀ ਕਿਸੇ ਵੀ ਕਾਰੋਬਾਰ , ਵਪਾਰ, ਉਦਯੋਗ ਜਾਂ ਕਿਸੇ ਵੀ ਹੋਰ ਸੰਸਥਾ ਵਿੱਚ ਕੰਮ ਕਰਦੇ ਸਾਰੇ ਕਰਮਚਾਰੀਆਂ ਲਈ ਐਲਾਨੀ ਗਈ ਏ।

--------------------------------------------------------

ਲੋਕ ਸਭਾ ਚੋਣਾਂ -2024 ਦੇ ਮੱਦੇਨਜ਼ਰ, ਪੰਜਾਬ ਪੁਲਿਸ ਨੇ ਕੱਲ੍ਹ ਸੂਬੇ ਦੇ ਸਾਰੇ ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ ਅਤੇ ਇਨ੍ਹਾਂ ਦੇ ਆਲੇ-ਦੁਆਲੇ ਇੱਕ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਕਾਸੋ) ਚਲਾਇਆ। ਇਹ ਅਭਿਆਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ’ਤੇ ਲੋਕਾਂ ਵਿੱਚ ਪੁਲਿਸ ਦਾ ਭਰੋਸਾ ਵਧਾਉਣ ਅਤੇ ਸਮਾਜ ਵਿਰੋਧੀ ਤੱਤਾਂ ’ਤੇ ਸ਼ਿਕੰਜਾ ਕੱਸਣ ਦੇ ਹਿੱਸੇ ਵਜੋਂ ਚਲਾਇਆ ਗਿਆ। ਇਹ ਤਲਾਸ਼ੀ ਅਭਿਆਨ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਾਰੇ 28 ਪੁਲਿਸ ਜ਼ਿਲਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ, ਜਿਸ ਤਹਿਤ ਪੁਲਿਸ ਟੀਮਾਂ ਅਤੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦੀਆਂ ਟੀਮਾਂ ਨੇ 193 ਰੇਲਵੇ ਸਟੇਸ਼ਨਾਂ

ਅਤੇ 162 ਬੱਸ ਅੱਡਿਆਂ ’ਤੇ ਚਲਾਏ ਇਸ ਤਲਾਸ਼ੀ ਅਭਿਆਨ ਦੌਰਾਨ 3,851 ਤੋਂ ਵੱਧ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਅਤੇ ਵਾਹਨ ਐਪ ਦੀ ਵਰਤੋਂ ਕਰਕੇ ਪੁਲਿਸ ਟੀਮਾਂ ਨੇ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆ ਦੀ ਪਾਰਕਿੰਗ ’ਚ ਖੜ੍ਹੇ 3 ਹਜ਼ਾਰ 2 ਵਾਹਨਾਂ ਦੀ ਚੈਕਿੰਗ ਵੀ ਕੀਤੀ । 2000 ਤੋਂ ਵੱਧ ਪੁਲਸ ਕਰਮੀਆਂ ਦੀ ਨਫ਼ਰੀ ਵਾਲੀਆਂ 221 ਪੁਲਸ ਟੀਮਾਂ ਇਸ ਮੁਹਿੰਮ ਦੌਰਾਨ ਤਾਇਨਾਤ ਕੀਤੀਆਂ ਗਈਆਂ ਸਨ।

------------------------------------------------------------

ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਕਲ 2 ਹੋਰ ਉਮੀਦਵਾਰਾਂ ਦਾ ਐਲਾਨ ਕੀਤਾ। ਪਾਰਟੀ ਨੇ ਹੁਸ਼ਿਆਰਪੁਰ ਰਾਖਵੇਂ ਲੋਕ ਸਭਾ ਹਲਕੇ ਤੋਂ ਡਾਕਟਰ ਰਾਜਕੁਮਾਰ ਚੱਬੇਵਾਲ ਅਤੇ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਮਲਵਿੰਦਰ ਸਿੰਘ ਕੰਗ ਨੂੰ ਅਪਣਾ ਉਮੀਦਵਾਰ ਬਣਾਇਆ ਏ । ਇਸ ਤਰ੍ਹਾਂ ਪਾਰਟੀ ਹੁਣ ਤੱਕ 9 ਲੋਕ ਸਭਾ ਹਲਕਿਆਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਏ।

-----------------------------------------------

ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭਾਰੀ ਕਰਜ਼ਾ ਲੈਣ ਦੀ ਯੋਜਨਾ ਦੀਆਂ ਰਿਪੋਰਟਾਂ ਸਾਹਮਣੇ ਆਉਣ ਤੋਂ ਬਾਅਦ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸੂਬੇ ਦੀ ਵਿੱਤੀ ਹਾਲਤ ਬਾਰੇ ਝੂਠੇ ਦਾਅਵੇ ਕਰਨ ਲਈ ਆਮ ਆਦਮੀ ਪਾਰਟੀ ਦੀ ਤਿੱਖੀ ਆਲੋਚਨਾ ਕੀਤੀ ਏ। ਇਕ ਬਿਆਨ ਵਿਚ ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਇਸ ਸਾਲ ਅਪ੍ਰੈਲ, ਮਈ ਅਤੇ ਜੂਨ 'ਚ ਭਾਰਤੀ ਰਿਜ਼ਰਵ ਬੈਂਕ ਤੋਂ 12 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਯੋਜਨਾ ਬਣਾ ਰਹੀ ਏ। ਉਨਾਂ ਕਿਹਾ ਕਿ ਇਹ ਨਵੇਂ ਵਿੱਤੀ ਸਾਲ (2024-25) ਦੀ ਸ਼ੁਰੂਆਤ ਏ ਅਤੇ 'ਆਪ' ਸਰਕਾਰ ਦੇ ਅਰਥਚਾਰੇ ਦੇ ਮਾੜੇ ਪ੍ਰਬੰਧਨ ਦਾ ਪਰਦਾਫਾਸ਼ ਹੋ ਗਿਆ ਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਜਨਵਰੀ ਅਤੇ ਫਰਵਰੀ 2024 'ਚ 3 ਹਜ਼ਾਰ 899 ਕਰੋੜ ਰੁਪਏ ਅਤੇ ਮਾਰਚ 2024 'ਚ 3 ਹਜ਼ਾਰ 800 ਕਰੋੜ ਰੁਪਏ ਦਾ ਕਰਜ਼ਾ ਲਿਆ ਸੀ। ਇਸੇ ਤਰ੍ਹਾਂ ਪਾਰਟੀ ਨੇ ਪਿਛਲੇ ਸਾਲ ਵੀ ਭਾਰੀ ਕਰਜ਼ਾ ਲਿਆ ਸੀ।

-------------------------------------------------------

ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਨੇ, ਭਾਰਤ ਸਰਕਾਰ ਦੇ ਯੂਵਾ ਮਾਮਲੇ ਤੇ ਖੇਡ ਮੰਤਰਾਲੇ ਤਹਿਤ ਨਹਿਰੂ ਯੂਵਾ ਕੇਂਦਰ ਦੇ ਸਹਿਯੋਗ ਨਾਲ ਕਲ ਬੀ.ਐਨ.ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮਾਲ ਰੋਡ ਪਟਿਆਲਾ ਵਿਖੇ 600ਵਾਂ ਵਣ ਮਹਾਂ ਉਤਸਵ ਪ੍ਰੋਗਰਾਮ ਆਯੋਜਿਤ ਕੀਤਾ। ਕਲੱਬ ਦੇ ਪ੍ਰਧਾਨ ਆਕਰਸ਼ ਸ਼ਰਮਾ ਨੇ ਦੱਸਿਆ ਕਿ ਇਸ ਵਣ ਮਹਾਂ ਉਤਸਵ ਦੀ ਵਿਸ਼ੇਸ਼ਤਾ ਇਹ ਰਹੀ ਕਿ ਪ੍ਰਿੰਸੀਪਲ ਗੁਰਦੀਸ਼ ਸਿੰਘ ਵਲੋਂ ਚੁਣੇ ਗਏ 109 ਪੌਦੇ ਵਣ ਮਹਾ ਉਤਸਵ ਵਿੱਚ ਲਗਾਏ ਗਏ । ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ, ਪ੍ਰਿੰਸੀਪਲ ਗੁਰਦੀਸ਼ ਸਿੰਘ, ਮਾਨਵ ਸ਼ਰਮਾ ਅਤੇ ਸਮੂਹ ਸਟਾਫ ਵਲੋਂ ਚੰਦਨ ਦਾ ਪੌਦਾ ਲਗਾ ਕੇ, ਵਣ ਮਹਾ ਉਤਸਵ ਦਾ ਉਦਘਾਟਨ ਕੀਤਾ ਗਿਆ। ਰਾਜੇਸ਼ ਸ਼ਰਮਾ ਨੇ ਕਿਹਾ ਕਿ ਕਲੱਬ ਨੇ ਹੁਸ਼ਿਆਰਪੁਰ, ਪਟਿਆਲਾ, ਸੰਗਰੂਰ, ਲੁਧਿਆਣਾ ਅਤੇ ਮੁਹਾਲੀ ਤੋਂ ਇਲਾਵਾ ਹਰਿਆਣਾ ਦੇ ਪੰਚਕੁਲਾ ਵਿਖੇ ਸਾਢੇ 3 ਲੱਖ ਪੌਦੇ ਹੁਣ ਤਕ ਲਗਾਏ ਨੇ ਅਤੇ ਕੋਈ 35 ਲੱਖ ਰੁਪਏ ਪੌਦਿਆਂ ਤੇ ਖਰਚ ਕੀਤੇ ਗਏ ਨੇ।

ਕਲੱਬ ਨੇ ਵਿਸ਼ੇਸ਼ ਤੌਰ ਤੇ ਕਿਸਾਨਾਂ ਦੀਆਂ 250 ਮੋਟਰਾਂ ਤੇ ਫੱਲਦਾਰ ਪੌਦੇ ਲਗਾਉਣ ਤੋਂ ਅਲਾਵਾ ਪਟਿਆਲਾ ਜਿਲੇ ਵਿੱਚ 9 ਗੁਰੂ ਦੇ ਬਾਗ ਵੀ ਲਗਾਏ ਨੇ ।